Punjab Government Gazette

Published by Authority

No. 49] CHANDIGARH, FRIDAY, DECEMBER 5, 2025 (AGRAHAYANA 14, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਨਿਆਂ ਵਿਭਾਗ

(ਅਦਾਲਤੀ-2 ਸ਼ਾਖਾ)

ਅਧਿਸੂਚਨਾ

ਮਿਤੀ 30 ਸਤੰਬਰ, 2025

ਨੰ: HOME-JD-20RETI/5/2025-5JUD2/3570.- ਸ਼੍ਰੀ ਮਨੋਜ ਕੁਮਾਰ, ਉਪ ਜਿਲ੍ਹਾ ਅਟਾਰਨੀ, ਪ੍ਰਾਸੀਕਿਊਸ਼ਨ ਅਤੇ ਲਿਟੀਗੇਸ਼ਨ ਵਿਭਾਗ, ਆਪਣੀ 58 ਸਾਲਾਂ ਦੀ ਉਮਰ ਪੂਰੀ ਹੋਣ ਉਪਰੰਤ ਮਿਤੀ 30.09.2025 (ਬਾ:ਦੁ:) ਨੂੰ ਸਰਕਾਰੀ ਸੇਵਾ ਤੋਂ ਰਿਟਾਇਰ ਹੋ ਰਹੇ ਹਨ।

2. ਜੇਕਰ ਉਕਤ ਅਧਿਕਾਰੀ ਵਿਰੁੱਧ ਕੋਈ ਵਿਭਾਗੀ/ਅਨੁਸ਼ਾਸ਼ਨੀ/ ਚੌਕਸੀ ਪੜਤਾਲ ਆਦਿ ਦਾ ਕੇਸ ਲੰਬਿਤ ਹੋਵੇ ਜਾਂ ਭਵਿੱਖ ਵਿੱਚ ਕੋਈ ਹੋਰ ਵਿਭਾਗੀ/ਅਨੁਸ਼ਾਸ਼ਨੀ/ਚੌਕਸੀ ਪੜਤਾਲ/ ਮੁਕੱਦਮਾ ਸਬੰਧੀ ਮਾਮਲਾ ਧਿਆਨ ਵਿੱਚ ਆਉਂਦਾ ਹੈ, ਤਾਂ ਉਸ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਜਿਲਦ-2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾਵੇਗੀ। ਇਹਨਾਂ ਹੁਕਮਾਂ ਨਾਲ ਇਸ ਅਧਿਕਾਰੀ ਦੀ ਸੇਵਾ ਨਿਵਿਰਤੀ ਤੇ ਕੋਈ ਅਸਰ ਨਹੀਂ ਪਵੇਗਾ, ਭਾਵ ਇੰਨਕੁਆਰੀ ਆਦਿ ਚਲਦੀ ਰਹੇਗੀ ਅਤੇ ਇੰਨਕੁਆਰੀ ਦੇ ਸਿੱਟਿਆਂ ਦੇ ਸਨਮੁੱਖ ਉਸ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਅਧਿਕਾਰੀ ਵਿਰੁੱਧ ਕੋਈ ਰਿਕਵਰੀ ਕਿਸੇ ਸਟੇਜ ਤੇ ਕੀਤੀ ਜਾਣੀ ਬਣਦੀ ਹੋਵੇ ਤਾਂ ਉਹ ਉਸਨੂੰ ਪ੍ਰਾਪਤ ਹੋਣ ਵਾਲੀ ਗਰੈਚੂਏਟੀ/ਪੈਨਸ਼ਨ ਵਿੱਚੋਂ ਕੀਤੀ ਜਾਵੇਗੀ।

ਜਸਪ੍ਰੀਤ ਤਲਵਾੜ, ਆਈ.ਏ.ਐਸ.
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ
ਨਿਆਂ ਵਿਭਾਗ।

ਚੰਡੀਗੜ੍ਹ
ਮਿਤੀ 26 ਸਤੰਬਰ, 2025

3571/12-2025/Pb. Govt. Press, S.A.S. Nagar